ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

# ਤੇਜ਼ਾਬ ਦੀ ਵਿਕਰੀ 'ਤੇ ਰੋਕ ਲਗਾਉਣ ਦੇ ਆਦੇਸ਼

ਫਾਜ਼ਿਲਕਾ 23 ਅਗਸਤ

ਡੇਰਾ ਸੱਚਾ ਸੌਦਾ ਮੁਖੀ ਸੰਤ ਰਾਮ ਰਹੀਮ ਦੇ ਖਿਲਾਫ ਸੀ.ਬੀ.ਆਈ. ਅਦਾਲਤ 'ਚ ਚੱਲਦੇ ਮੁਕੱਦਮੇ ਦੇ ਸਬੰਧ ਵਿੱਚ 25 ਅਗਸਤ 2017 ਨੂੰ ਹੋਣ ਵਾਲੇ ਫੈਸਲੇ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਵੱਲੋਂ ਜ਼ਿਲ੍ਹੇ ਅੰਦਰ ਤੇਜ਼ਾਬ ਦੀ ਵਿਕਰੀ 'ਤੇ ਰੋਕ ਲਗਾਉਣ ਦੇ ਆਦੇਸ਼ ਦਿੱਤੇ ਗਏ ਹਨ।

ਡਿਪਟੀ ਕਮਿਸ਼ਨਰ ਨੇ ਜਾਰੀ ਹੁਕਮਾਂ 'ਚ ਕਿਹਾ ਕਿ ਇਸ ਸੂਰਤ ਵਿੱਚ ਕੋਈ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ, ਅਜਿਹੇ ਹਾਲਾਤਾਂ ਨੂੰ ਮੁੱਖ ਰੱਖਦਿਆਂ ਜ਼ਿਲ੍ਹੇ ਅੰਦਰ ਤੇਜ਼ਾਬ ਦੀ ਵਿਕਰੀ ਤੇ ਰੋਕ ਲਗਾਈ ਗਈ ਹੈ। ਹੁਕਮਾਂ ਅਨੁਸਾਰ ਸਮੂਹ ਤੇਜ਼ਾਬ ਵੇਚਣ ਵਾਲੇ ਡੀਲਰ/ਦੁਕਾਨਦਾਰ ਤੇਜ਼ਾਬ ਦੀ ਵਿਕਰੀ ਅਗਲੇ ਹੁਕਮਾਂ ਤੱਕ ਕਿਸੇ ਵੀ ਵਿਅਕਤੀ ਨੂੰ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਇਸ ਹੁਕਮ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ। ਹੁਕਮਾਂ ਦੀ ਪਾਲਣਾ ਨਾ ਕਰਨ ਵਾਲੇ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।